# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

# 13:10

**ਮਿਤੀ : 23-10-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਜ਼ੋਰ ਦੇ ਕੇ ਕਿਹਾ ਏ ਕਿ ਵਿਕਸਿਤ ਭਾਰਤ ਦੇ ਦ੍ਰਿਸ਼ਟੀਕੋਣ ਨੂੰ ਪ੍ਰਾਪਤ ਕਰਨ ਲਈ ਸਮਾਜ ਦੇ ਹਰ ਵਰਗ, ਖਾਸ ਕਰਕੇ ਸਭ ਤੋਂ ਕਮਜ਼ੋਰ ਅਤੇ ਹਾਸ਼ੀਆਗਤ ਵਰਗਾਂ ਲਈ ਬਰਾਬਰ ਮੌਕੇ ਜ਼ਰੂਰੀ ਨੇ। ਉਹ ਅੱਜ ਕੇਰਲਾ ਦੇ ਰਾਜਭਵਨ ਵਿਖੇ ਸਾਬਕਾ ਰਾਸ਼ਟਰਪਤੀ ਕੇ.ਆਰ. ਨਾਰਾਇਣਨ ਦੇ ਬੁੱਤ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਸਾਬਕਾ ਰਾਸ਼ਟਰਪਤੀ ਕੇ.ਆਰ. ਨਾਰਾਇਣਨ ਵੱਲੋਂ ਪਾਏ ਯੋਗਦਾਨ ‘ਤੇ ਚਾਨਣਾ ਪਾਉਂਦਿਆਂ, ਰਾਸ਼ਟਰਪਤੀ ਨੇ ਕਿਹਾ ਕਿ, ਉਹ ਈਮਾਨਦਾਰੀ, ਹਮਦਰਦੀ ਅਤੇ ਉੱਚ ਲੋਕਤੰਤਰੀ ਭਾਵਨਾ ਦਾ ਵਿਰਸਾ ਛੱਡ ਗਏ ਨੇ। ਉਨ੍ਹਾਂ ਕਿਹਾ ਕਿ, ਸ਼੍ਰੀ ਨਾਰਾਇਣਨ ਨੇ ਆਪਣਾ ਜੀਵਨ ਰਾਸ਼ਟਰ ਨਿਰਮਾਣ ਅਤੇ ਇੱਕ ਵਧੇਰੇ ਸਮਾਵੇਸ਼ੀ ਦੇਸ਼ ਨੂੰ ਨੁਹਾਰ ਦੇਣ ਲਈ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ, ਕੇ.ਆਰ. ਨਾਰਾਇਣਨ ਦਾ ਦ੍ਰਿੜ ਵਿਸ਼ਵਾਸ ਸੀ ਕਿ ਸਿੱਖਿਆ ਸੱਭਿਅਤਾ ਦਾ ਅਧਾਰ ਏ ਅਤੇ ਇਹ ਕਿਸੇ ਵੀ ਸਮਾਜ ਦੇ ਵਿਕਾਸ ਲਈ

ਜ਼ਰੂਰੀ ਏ। ਇਸ ਮੌਕੇ 'ਤੇ ਰਾਜਪਾਲ ਰਾਜੇਂਦਰ ਵਿਸ਼ਵਨਾਥ ਅਰਲੇਕਰ, ਸਾਬਕਾ ਰਾਸ਼ਟਰਪਤੀ ਰਾਮ ਨਾਥ ਕੋਵਿੰਦ, ਤੇ ਬਿਹਾਰ ਦੇ ਰਾਜਪਾਲ ਆਰਿਫ ਮੁਹੰਮਦ ਖਾਨ ਵੀ ਮੌਜੂਦ ਸਨ।

------------------------------------------------------------------------

ਲੁਧਿਆਣਾ ਸਥਿਤ ਵੇਰਕਾ ਮਿਲਕ ਪਲਾਂਟ ਵਿੱਚ ਬੀਤੀ ਦੇਰ ਰਾਤ ਹੋਏ ਇੱਕ ਧਮਾਕੇ ਵਿੱਚ ਇਕ ਮੁਲਾਜ਼ਮ ਦੀ ਮੌਤ ਹੋ ਗਈ ਏ ਜਦਿਕ 5 ਹੋਰ ਗੰਭੀਰ ਰੂਪ ਵਿਚ ਝੁਲਸ ਗਏ ਨੇ। ਜ਼ਖ਼ਮੀਆਂ ਨੂੰ ਡੀਐਮਸੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਏ। ਜ਼ਖਮੀਆਂ ਦੀ ਪਛਾਣ ਕੁਲਵੰਤ ਸਿੰਘ, ਅਜੀਤ ਸਿੰਘ, ਪੁਨੀਤ ਕੁਮਾਰ, ਦਵਿੰਦਰ ਸਿੰਘ ਅਤੇ ਗੁਰਤੇਜ ਵਜੋਂ ਹੋਈ ਏ ਜਦਕਿ ਕੁਨਾਲ ਜੈਨ ਦੀ ਮੌਤ ਹੋ ਗਈ ਏ। ਵੇਰਕਾ ਪਲਾਂਟ ਦੇ ਜੀ.ਐੱਮ. ਦਲਜੀਤ ਸਿੰਘ ਨੇ ਦੱਸਿਆ ਕਿ ਇਹ ਹਾਦਸਾ ਪਲਾਂਟ ਦੇ ਏਅਰ ਹੀਟਰ ਸੈਕਸ਼ਨ ਵਿੱਚ ਹੋਇਆ। ਵੇਰਕਾ ਪ੍ਰਬੰਧਨ ਨੇ ਤੁਰੰਤ ਪੁਲਿਸ ਨੂੰ ਸੂਚਿਤ ਕੀਤਾ ਤੇ ਸਰਾਭਾ ਨਗਰ ਪੁਲਿਸ ਸਟੇਸ਼ਨ ਦੇ ਐਸਐਚਓ ਆਦਿਤਿਆ ਸ਼ਰਮਾ ਪੁਲਿਸ ਟੀਮ ਨਾਲ ਮੌਕੇ 'ਤੇ ਪਹੁੰਚੇ। ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਲੱਗਦਾ ਏ ਕਿ ਧਮਾਕਾ ਏਅਰ ਹੀਟਰ ਵਿੱਚ ਤਕਨੀਕੀ ਨੁਕਸ ਕਾਰਨ ਹੋਇਆ ਏ। ਫਿਲਹਾਲ, ਪੁਲਿਸ ਨੇ

ਘਟਨਾ ਸਥਾਨ ਨੂੰ ਸੀਲ ਕਰ ਦਿੱਤਾ ਏ ਅਤੇ ਜਾਂਚ ਲਈ ਇੱਕ ਫੋਰੈਂਸਿਕ ਟੀਮ ਨੂੰ ਬੁਲਾਇਆ ਗਿਆ ਏ।

------------------------------------------------------------------------

ਅੱਜ ਦੇਸ਼ ਭਰ ਵਿੱਚ ਭੈਣਾਂ ਅਤੇ ਭਰਾਵਾਂ ਦੇ ਪਵਿੱਤਰ ਪਿਆਰ ਦਾ ਤਿਉਹਾਰ, ਭਾਈ ਦੂਜ, ਮਨਾਇਆ ਜਾ ਰਿਹਾ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭਾਈ ਦੂਜ ਦੇ ਮੌਕੇ 'ਤੇ ਨਾਗਰਿਕਾਂ ਨੂੰ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਈ ਦੂਜ ਦਾ ਤਿਉਹਾਰ ਭਰਾਵਾਂ ਅਤੇ ਭੈਣਾਂ ਵਿਚਕਾਰ ਆਪਸੀ ਪਿਆਰ ਅਤੇ ਵਿਸ਼ਵਾਸ ਦਾ ਪ੍ਰਤੀਕ ਏ ਅਤੇ ਹਰ ਕਿਸੇ ਦੇ ਜੀਵਨ ਵਿੱਚ ਖੁਸ਼ੀ, ਖੁਸ਼ਹਾਲੀ ਅਤੇ ਚੰਗੀ ਕਿਸਮਤ ਲਿਆਉਂਦਾ ਏ । ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਇਸ ਮੌਕੇ ਸਾਰਿਆਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਰਾਹੀਂ ਵਧਾਈ ਦਿੰਦਿਆਂ ਓਹਨਾਂ ਕਾਮਨਾ ਕੀਤੀ ਕਿ ਦੁਨੀਆ ਭਰ ਵਿਚ ਵੱਸਦੇ ਭੈਣ – ਭਰਾਵਾਂ ਦਾ ਆਪਸੀ ਪਿਆਰ ਹਮੇਸ਼ਾ ਬਣਿਆ ਰਹੇ।

------------------------------------------------------------------------

ਪੰਜਾਬ ਦੀ ਵਿਧਾਨ ਸਭਾ ਹਲਕਾ ਤਰਨ ਤਾਰਨ ਸੀਟ ਲਈ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਤੋਂ ਬਾਅਦ 6 ਉਮੀਦਵਾਰਾਂ ਦੇ

ਨਾਮਜ਼ਦਗੀ ਪੱਤਰ ਰੱਦ ਕੀਤੇ ਗਏ ਨੇ। ਸੂਬੇ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਤਰਨ ਤਾਰਨ ਸੀਟ ਦੀ ਜ਼ਿਮਨੀ ਚੋਣ ਲਈ ਕਾਗਜ਼ਾਂ ਦੀ ਪੜਤਾਲ ਤੋਂ ਬਾਅਦ 4 ਕਵਰਿੰਗ ਉਮੀਦਵਾਰਾਂ ਅਤੇ 2 ਆਜ਼ਾਦ ਉਮੀਦਵਾਰਾਂ ਦੇ ਕਾਗਜ ਰੱਦ ਕੀਤੇ ਗਏ ਨੇ। ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਨਿਯਮਾਂ ਅਨੁਸਾਰ ਇੰਡੀਅਨ ਨੈਸ਼ਨਲ ਕਾਂਗਰਸ ਤੋਂ ਕਵਰਿੰਗ ਉਮੀਦਵਾਰ ਲੀਨਾ ਸੰਧੂ, ਸ਼੍ਰੋਮਣੀ ਅਕਾਲੀ ਦਲ ਤੋਂ ਕਵਰਿੰਗ ਉਮੀਦਵਾਰ ਕੰਚਨਪ੍ਰੀਤ ਕੌਰ, ਭਾਰਤੀ ਜਨਤਾ ਪਾਰਟੀ ਤੋਂ ਕਵਰਿੰਗ ਉਮੀਦਵਾਰ ਸੁੱਚਾ ਸਿੰਘ ਅਤੇ ਆਮ ਆਦਮੀ ਪਾਰਟੀ ਤੋਂ ਕਵਰਿੰਗ ਉਮੀਦਵਾਰ ਰਾਜੇਸ਼ ਵਾਲੀਆ ਦੇ ਨਾਮਜ਼ਦਗੀ ਪੱਤਰ ਰੱਦ ਕਰ ਦਿੱਤੇ ਗਏ ਨੇ। ਇਸ ਤੋਂ ਇਲਾਵਾ 2 ਆਜ਼ਾਦ ਉਮੀਦਵਾਰ ਲੱਖਾ ਸਿੰਘ ਅਤੇ ਸੰਜੀਵ ਸਿੰਘ ਦੇ ਨਾਮਜ਼ਦਗੀ ਪੱਤਰ ਚੋਣ ਕਮਿਸ਼ਨ ਦੀਆਂ ਹਦਾਇਤਾਂ ਮੁਤਾਬਕ ਸਹੀ ਨਹੀਂ ਪਾਏ ਗਏ ਨੇ। ਉਨਾਂ ਅੱਗੇ ਦੱਸਿਆ ਕਿ 24 ਅਕਤੂਬਰ ਤੱਕ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਦੇ ਨੇ। ਇਸ ਤੋਂ ਬਾਅਦ ਸਪੱਸ਼ਟ ਹੋ ਜਾਵੇਗਾ ਕਿ ਜ਼ਿਮਨੀ ਚੋਣ ਲਈ ਕੁੱਲ ਕਿੰਨੇ ਉਮੀਦਵਾਰ ਚੋਣ ਮੈਦਾਨ ਵਿੱਚ ਨੇ।

---

ਪੰਜਾਬ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਸਿਵਲ ਪ੍ਰਸ਼ਾਸਨ ਅਤੇ ਪੰਜਾਬ ਪੁਲਿਸ ਵੱਲੋਂ ਕੀਤੇ ਜਾ ਰਹੇ ਯਤਨਾਂ ਦੇ

ਸਾਕਾਰਾਤਮਕ ਨਤੀਜੇ ਵਜੋਂ ਰਾਜ ਵਿੱਚ ਪਿਛਲੇ ਦੋ ਸਾਲਾਂ ਦੇ ਮੁਕਾਬਲੇ ਇਸ ਸਾਲ ਖੇਤਾਂ ਵਿੱਚ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਲਗਭਗ ਚਾਰ ਗੁਣਾ ਕਮੀ ਦਰਜ ਕੀਤੀ ਗਈ ਏ। ਅਧਿਕਾਰਤ ਅੰਕੜਿਆਂ ਮੁਤਾਬਿਕ 15 ਸਤੰਬਰ ਤੋਂ 21 ਅਕਤੂਬਰ ਤੱਕ ਦੇ ਪੰਜਾਬ ਵਿੱਚ ਸਾਲ 2025 ਦੌਰਾਨ ਖੇਤਾਂ ਵਿੱਚ ਪਰਾਲੀ ਸਾੜਨ ਦੇ ਸਿਰਫ 415 ਮਾਮਲੇ ਦਰਜ ਕੀਤੇ ਗਏ ਨੇ। ਜਦਕਿ ਸਾਲ 2024 ਅਤੇ 2023 ਵਿੱਚ ਕ੍ਰਮਵਾਰ ਅਜਿਹੇ 1 ਹਜ਼ਾਰ 510 ਅਤੇ 1 ਹਜ਼ਾਰ 764 ਮਾਮਲੇ ਸਾਹਮਣੇ ਆਏ ਸਨ । ਜ਼ਿਕਰਯੋਗ ਏ ਕਿ ਸੁਪਰੀਮ ਕੋਰਟ ਅਤੇ ਹਵਾ ਗੁਣਵੱਤਾ ਪ੍ਰਬੰਧਨ ਸਬੰਧੀ ਕਮਿਸ਼ਨ (ਸੀ.ਏ.ਕਿਊ.ਐਮ.) ਦੇ ਪਰਾਲੀ ਸਾੜਨ ਦੇ ਮਾਮਲਿਆਂ ਨੂੰ ਸਿਫਰ ਤੱਕ ਲਿਆਉਣ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਅਤੇ ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਪਰਾਲੀ ਸਾੜਨ ਵਿਰੁੱਧ ਕਾਰਵਾਈ ਦੀ ਨਿੱਜੀ ਤੌਰ ’ਤੇ ਨਿਗਰਾਨੀ ਕਰ ਰਹੇ ਨੇ।

---------------------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਤਾ ਗੱਦੀ ਦਿਵਸ ਨੂੰ ਸਮਰਪਿਤ ਸਮਾਗਮ ਕਰਵਾਏ ਗਏ । ਇਸ ਮੌਕੇ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਦਿਲਬਰ ਸਿੰਘ ਵੱਲੋਂ

ਗੁਰਬਾਣੀ ਦਾ ਇਲਾਹੀ ਕੀਰਤਨ ਕੀਤਾ ਗਿਆ ਜਦੋਂਕਿ ਹੁਕਮਨਾਮਾ ਭਾਈ ਸਤਨਾਮ ਸਿੰਘ ਅਤੇ ਅਰਦਾਸ ਭਾਈ ਨਿਰਮਲ ਸਿੰਘ ਵੱਲੋਂ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਗੁਰੂ ਘਰ ਨਤਮਸਤਕ ਹੋਈਆਂ । ਕਥਾਵਾਚਕ ਭਾਈ ਸਤਨਾਮ ਸਿੰਘ, ਸ਼ਰਨਜੀਤ ਸਿੰਘ ਚਨਾਰਥਲ ਤੇ ਗੁਰਦੀਪ ਸਿੰਘ ਨੌਲੱਖਾ ਨੇ ਸਮੁੱਚੀ ਮਾਨਵਤਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜਨ ਦੀ ਅਪੀਲ ਕੀਤੀ ।

---------------------------------------------------------------------------

ਦੇਸ਼ ਦਾ ਵੱਕਾਰੀ 42ਵਾਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਅੱਜ ਤੋਂ ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਸ਼ੁਰੂ ਹੋ ਰਿਹਾ ਏ। ਇਹ ਟੂਰਨਾਮੈਂਟ ਲੀਗ-ਕਮ-ਨਾਕਆਊਟ ਆਧਾਰ 'ਤੇ ਫਲੱਡ ਲਾਈਟਾਂ ਦੀ ਰੌਸ਼ਨੀ ਵਿਚ ਖੇਡਿਆ ਜਾਵੇਗਾ। ਭਾਰਤੀ ਹਾਕੀ ਟੀਮ ਦੇ ਕਪਤਾਨ ਓਲੰਪੀਅਨ ਹਰਮਨਪ੍ਰੀਤ ਸਿੰਘ, ਉਪ-ਕਪਤਾਨ ਓਲੰਪੀਅਨ ਹਾਰਦਿਕ ਸਿੰਘ, ਮਨਦੀਪ ਸਿੰਘ, ਮਨਪ੍ਰੀਤ ਸਿੰਘ, ਜਰਮਨਪ੍ਰੀਤ ਸਿੰਘ ਅਤੇ ਹੋਰ ਬਹੁਤ ਸਾਰੇ ਮੌਜੂਦਾ ਅਤੇ ਸਾਬਕਾ ਹਾਕੀ ਖਿਡਾਰੀ ਇਸ 10 ਦਿਨਾ ਟੂਰਨਾਮੈਂਟ ਵਿੱਚ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨਗੇ ।

ਪਿਛਲੇ ਸਾਲ ਦੀ ਚੈਂਪੀਅਨ ਇੰਡੀਅਨ ਆਇਲ ਮੁੰਬਈ ਅਤੇ ਇੰਡੀਅਨ ਨੇਵੀ ਮੁੰਬਈ ਤੇ ਆਰਸੀਐਫ ਕਪੂਰਥਲਾ ਸਮੇਤ ਹਿੱਸਾ ਲੈਣ ਵਾਲੀਆਂ 12 ਟੀਮਾਂ ਨੂੰ 4 ਪੂਲਾਂ ਵਿੱਚ ਵੰਡਿਆ ਗਿਆ ਏ। ਹਰੇਕ ਪੂਲ ਦੀਆਂ ਚੋਟੀ ਦੀਆਂ 2 ਟੀਮਾਂ ਕੁਆਰਟਰ ਫਾਈਨਲ ਲਈ ਕੁਆਲੀਫਾਈ ਕਰਨਗੀਆਂ। ਟੂਰਨਾਮੈਂਟ ਦੇ ਸੈਮੀਫਾਈਨਲ ਅਤੇ ਫਾਈਨਲ ਕ੍ਰਮਵਾਰ 31 ਅਕਤੂਬਰ ਅਤੇ 1 ਨਵੰਬਰ ਨੂੰ ਹੋਣਗੇ। ਆਕਾਸ਼ਵਾਣੀ, ਜਲੰਧਰ ਤੋਂ ਫਾਈਨਲ ਮੈਚ ਦਾ ਅੱਖੀਂ ਡਿੱਠਾ ਪ੍ਰਸਾਰਣ ਕੀਤਾ ਜਾਵੇਗਾ। ਅੱਜ ਸ਼ਾਮ ਸ਼ੁਰੂਆਤੀ ਮੈਚ ਆਰਮੀ-ਇਲੈਵਨ ਦਿੱਲੀ ਅਤੇ ਸੀਆਰਪੀਐਫ ਦਿੱਲੀ ਵਿਚਕਾਰ ਖੇਡਿਆ ਜਾਵੇਗਾ ਜਿਸ ਤੋਂ ਬਾਅਦ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਦਾ ਮੈਚ ਪੰਜਾਬ ਪੁਲਿਸ ਨਾਲ ਹੋਵੇਗਾ।

---------------------------------------------------------------------------------